ਸੂਹੀ ਮਹਲਾ ੫ ॥ ਰਾਸਿ ਮੰਡਲੁ ਕੀਨੋ ਆਖਾਰਾ ॥ ਸਗਲੋ ਸਾਜਿ ਰਖਿਓ ਪਾਸਾਰਾ ॥੧॥ ਰਹਾਉ ॥ ਬਹੁ ਬਿਧਿ ਰੂਪ ਰੰਗ ਆਪਾਰਾ ॥ ਪੇਖੈ ਖੁਸੀ ਭੋਗ ਨਹੀ ਹਾਰਾ ॥ ਸਭਿ ਰਸ ਲੈਤ ਬਸਤ ਨਿਰਾਰਾ ॥੧॥ ਬਰਨੁ ਚਿਹਨੁ ਨਾਹੀ ਮੁਖੁ ਨ ਮਾਸਾਰਾ ॥ ਕਹਨੁ ਨ ਜਾਈ ਖੇਲੁ ਤੁਹਾਰਾ ॥ ਨਾਨਕ ਰੇਣ ਸੰਤ ਚਰਨਾਰਾ ॥੨॥੨॥੪੫॥ {ਪੰਨਾ 746}

ਪਦਅਰਥ:- ਮੰਡਲੁ—ਮੰਡੂਆ। ਅਖਾਰਾ—ਜਗਤ-ਅਖਾੜਾ। ਸਗਲੋ ਪਾਸਾਰਾ—ਸਾਰਾ ਜਗਤ-ਖਿਲਾਰਾ। ਸਾਜ—ਸਾਜ ਕੇ।1। ਰਹਾਉ।

ਬਹੁ ਬਿਧਿ—ਕਈ ਕਿਸਮਾਂ ਦੇ। ਆਪਾਰਾ—ਬੇਅੰਤ। ਪੇਖੈ—ਵੇਖਦਾ ਹੈ। ਹਾਰਾ—ਥੱਕਦਾ। ਸਭਿ—ਸਾਰੇ। ਬਸਤ—ਵੱਸਦਾ ਹੈ। ਨਿਰਾਰਾ—ਨਿਰਾਲਾ, ਵੱਖਰਾ, ਨਿਰਲੇਪ।1।

ਬਰਨੁ—ਰੰਗ। ਚਿਹਨੁ—ਨਿਸ਼ਾਨ। ਮਾਸਾਰਾ—ਦਾੜ੍ਹੀ। ਰੇਣ—ਧੂੜ।2।

ਅਰਥ:- ਹੇ ਭਾਈ! ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਨੇ ਆਪ ਬਣਾ ਰੱਖਿਆ ਹੈ। ਇਹ (ਮਾਨੋ) ਉਸ ਨੇ (ਰਾਸਾਂ ਪਾਣ ਲਈ) ਅਖਾੜਾ ਤਿਆਰ ਕੀਤਾ ਹੈ, ਰਾਸਾਂ ਵਾਸਤੇ ਮੰਡੂਆ ਬਣਾ ਦਿੱਤਾ ਹੈ।1। ਰਹਾਉ।

ਹੇ ਭਾਈ! (ਇਸ ਜਗਤ-ਅਖਾੜੇ ਵਿਚ) ਕਈ ਕਿਸਮਾਂ ਦੇ ਬੇਅੰਤ ਰੂਪ ਹਨ ਰੰਗ ਹਨ (ਪਰਮਾਤਮਾ ਆਪ ਇਸ ਨੂੰ) ਖ਼ੁਸ਼ੀ ਨਾਲ ਵੇਖਦਾ ਹੈ, (ਪਦਾਰਥਾਂ ਦੇ) ਭੋਗ (ਭੋਗਦਾ ਹੈ, ਪਰ ਭੋਗਦਾ) ਥੱਕਦਾ ਨਹੀਂ। ਸਾਰੇ ਰਸ ਮਾਣਦਾ ਹੋਇਆ ਭੀ ਉਹ ਪ੍ਰਭੂ ਆਪ ਨਿਰਲੇਪ ਹੀ ਰਹਿੰਦਾ ਹੈ।1।

ਹੇ ਪ੍ਰਭੂ! ਤੇਰਾ ਰਚਿਆ ਜਗਤ-ਖੇਲ ਬਿਆਨ ਨਹੀਂ ਕੀਤਾ ਜਾ ਸਕਦਾ। ਤੇਰਾ ਨਾਹ ਕੋਈ ਰੰਗ ਹੈ, ਨਾਹ ਕੋਈ ਨਿਸ਼ਾਨ ਹੈ, ਨਾਹ ਤੇਰਾ ਕੋਈ ਮੂੰਹ ਹੈ, ਨਾਹ ਕੋਈ ਦਾੜ੍ਹੀ ਹੈ।

ਹੇ ਨਾਨਕ! (ਆਖ—ਹੇ ਪ੍ਰਭੂ! ਮੈਂ ਤੇਰੇ ਦਰ ਤੋਂ ਤੇਰੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ।2। 2। 45।